**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**18:20 Pm**

**ਮਿਤੀ: 02-07-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਰਾਸ਼ਟਰੀ ਜਮਹੂਰੀ ਗਠਜੋੜ ਦੇ ਸੰਸਦ ਮੈਂਬਰਾਂ ਨੂੰ ਸੰਸਦ ਦੇ ਨਿਯਮਾਂ ਦੀ ਪਾਲਣਾ ਕਰਨ, ਸੰਸਦੀ ਲੋਕਤੰਤਰ ਦੇ ਸਿਧਾਂਤਾਂ ਦੀ ਪਾਲਣਾ ਕਰਨ ਅਤੇ ਚੰਗਾ ਵਿਵਹਾਰ ਕਰਨ ਦੀ ਅਪੀਲ ਕੀਤੀ ਏ।

- ਨੀਤੀ ਆਯੋਗ ਦੇ ਆਸਵੰਦ ਜ਼ਿਲ੍ਹਾ ਅਤੇ ਬਲਾਕ ਪ੍ਰੋਗਰਾਮ ਤਹਿਤ ਮਹੱਤਵਪੂਰਨ 6 ਪਹਿਲੂਆਂ ਦਾ ਸੰਪੂਰਨਤਾ ਅਭਿਆਨ 4 ਜੁਲਾਈ ਤੋਂ ਚਲਾਇਆ ਜਾਵੇਗਾ।

- ਲੁਧਿਆਣਾ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ, ਅਧਿਕਾਰੀਆਂ ਨੂੰ ਹਲਵਾਰਾ ਵਿਖੇ ਕੌਮਾਂਤਰੀ ਹਵਾਈ ਅੱਡੇ ਦੇ ਰਹਿੰਦੇ ਸਾਰੇ ਬਕਾਇਆ ਕਾਰਜ਼ਾਂ ਨੂੰ, 31 ਜੁਲਾਈ ਤੱਕ ਪੂਰਾ ਕਰਨ ਦੇ ਨਿਰਦੇਸ਼ ਦਿੱਤੇ।

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਖੇਮਕਰਨ ਦੇ ਲਖਵਿੰਦਰ ਸਿੰਘ ਉਰਫ਼ ਲੱਖਾ ਨੂੰ, 5 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ, ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਨੈੱਟਵਰਕ ਦਾ ਪਰਦਾਫਾਸ਼ ਕੀਤਾ।

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਰਾਸ਼ਟਰੀ ਜਮਹੂਰੀ ਗਠਜੋੜ- NDA ਦੇ ਸੰਸਦ ਮੈਂਬਰਾਂ ਨੂੰ ਸੰਸਦ ਦੇ ਨਿਯਮਾਂ ਦੀ ਪਾਲਣਾ ਕਰਨ, ਸੰਸਦੀ ਲੋਕਤੰਤਰ ਦੇ ਸਿਧਾਂਤਾਂ ਦੀ ਪਾਲਣਾ ਕਰਨ ਅਤੇ ਚੰਗਾ ਵਿਵਹਾਰ ਕਰਨ ਦੀ ਅਪੀਲ ਕੀਤੀ ਏ। ਪ੍ਰਧਾਨ ਮੰਤਰੀ ਨੇ ਨਵੀਂ ਸਰਕਾਰ ਦੇ ਗਠਨ ਤੋਂ ਬਾਅਦ, ਨਵੀਂ ਦਿੱਲੀ ਵਿੱਚ ਅੱਜ NDA ਸੰਸਦੀ ਦਲ ਦੀ ਪਹਿਲੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਇਹ ਗੱਲ ਕਹੀ। ਮੀਟਿੰਗ ਤੋਂ ਬਾਅਦ ਸੰਸਦੀ ਮਾਮਲਿਆਂ ਬਾਰੇ ਮੰਤਰੀ ਕਿਰਨ ਰਿਜਿਜੂ ਨੇ, ਮੀਡੀਆ ਨੂੰ ਦੱਸਿਆ ਕਿ ਪ੍ਰਧਾਨ ਮੰਤਰੀ ਨੇ ਸਾਰੇ NDA ਸੰਸਦ ਮੈਂਬਰਾਂ ਨੂੰ ਚੰਗਾ ਵਿਵਹਾਰ ਕਰਨ ਲਈ ਕਿਹਾ ਏ।

-------------------------------------------------------------------

ਅੰਮ੍ਰਿਤਸਰ - ਦਿੱਲੀ ਰੇਲਵੇ ਟ੍ਰੈਕ 'ਤੇ ਕਰਨਾਲ ਨੇੜੇ ਅੱਜ ਤੜਕਸਾਰ, ਚੱਲਦੀ ਮਾਲਗੱਡੀ ਤੋਂ ਕਰੀਬ ਅੱਠ ਕੰਟੇਨਰ ਰੇਲ ਪਟੜੀ 'ਤੇ ਡਿੱਗ ਗਏ। ਇਸ ਕਾਰਨ ਰੇਲਵੇ ਟਰੈਕ ਅਤੇ ਬਿਜਲੀ ਦੀਆਂ ਲਾਈਨਾਂ ਨੂੰ ਕਾਫੀ ਨੁਕਸਾਨ ਪਹੁੰਚਿਆ ਏ। ਕਰਨਾਲ ਦੇ ਤਰਾਵੜੀ ਨੇੜੇ ਹੋਏ ਇਸ ਹਾਦਸੇ ਤੋਂ ਬਾਅਦ ਦਿੱਲੀ - ਅੰਮ੍ਰਿਤਸਰ ਵਿਚਾਲੇ ਚੱਲਣ ਵਾਲੀਆਂ ਦੋ ਰੇਲ ਗੱਡੀਆਂ ਨੂੰ ਮੋੜ ਦਿੱਤਾ ਗਿਆ ਜਦਕਿ ਕਈ ਯਾਤਰੀ ਤੇ ਮਾਲ ਗੱਡੀਆਂ ਨੂੰ ਰੱਦ ਕਰਨਾ ਪਿਆ। ਰੇਲਵੇ ਟੀਮ ਨੇ ਮੌਕੇ 'ਤੇ ਪਹੁੰਚ ਕੇ ਜਾਂਚ ਸ਼ੁਰੂ ਕਰ ਦਿੱਤੀ ਏ। ਦੱਸਿਆ ਜਾਂਦਾ ਏ ਕਿ ਅੱਜ ਤੜਕੇ ਚਾਰ ਵਜੇ ਖਾਲੀ ਕੰਟੇਨਰਾਂ ਨਾਲ ਭਰੀ ਇੱਕ ਮਾਲਗੱਡੀ ਅੰਬਾਲਾ ਤੋਂ ਦਿੱਲੀ ਵੱਲ ਡਾਊਨ ਟ੍ਰੈਕ ’ਤੇ ਜਾ ਰਹੀ ਸੀ। ਜਦੋਂ ਮਾਲਗੱਡੀ ਤਰਾਵੜੀ ਰੇਲਵੇ ਸਟੇਸ਼ਨ ਤੋਂ ਲੰਘ ਰਹੀ ਸੀ ਤਾਂ ਇਸਦੀ ਪਿਛਲੀ ਬੋਗੀ ਦੇ ਪਹੀਏ ਪਟੜੀ ਤੋਂ ਹੇਠਾਂ ਆ ਗਏ। ਮਾਲਗੱਡੀ ਦੀ ਰਫ਼ਤਾਰ ਇੰਨੀ ਜ਼ਿਆਦਾ ਸੀ ਕਿ ਪਹੀਏ ਪਟੜੀ ਤੋਂ ਉਤਰਨ ਦੇ ਬਾਅਦ ਵੀ, ਰੇਲਗੱਡੀ ਕਰੀਬ ਡੇਢ ਕਿਲੋਮੀਟਰ ਬਾਅਦ ਰੁਕੀ। ਸਰਕਾਰੀ ਰੇਲਵੇ ਪੁਲਿਸ ਤੇ ਰੇਲਵੇ

ਅਧਿਕਾਰੀ ਮੌਕੇ 'ਤੇ ਪਹੁੰਚ ਗਏ ਨੇ ਅਤੇ ਕੰਟੇਨਰਾਂ ਨੂੰ ਟਰੈਕ ਤੋਂ ਹਟਾਉਣ ਦਾ ਕੰਮ ਕੀਤਾ ਜਾ ਰਿਹਾ ਏ ।

--------------------------------------------------------

ਨੀਤੀ ਆਯੋਗ ਦਾ 'ਆਸਵੰਦ ਜ਼ਿਲ੍ਹਾ ਅਤੇ ਬਲਾਕ ਪ੍ਰੋਗਰਾਮ' ਭਾਰਤ ਸਰਕਾਰ ਦੀ ਇੱਕ ਪਹਿਲਕਦਮੀ ਏ, ਜਿਸ ਤਹਿਤ ਵੱਖ-ਵੱਖ ਮਾਪਦੰਡਾਂ ਵਿੱਚ ਪਛੜ ਰਹੇ ਜ਼ਿਲ੍ਹਿਆਂ ਦੀ ਕਾਰਗੁਜ਼ਾਰੀ ਵਿੱਚ ਸੁਧਾਰ ਅਤੇ ਆਰਥਿਕ ਵਿਕਾਸ ਕਰਨਾ ਏ । ਜ਼ਿਲ੍ਹਿਆਂ ਨੂੰ ਵੱਖ-ਵੱਖ ਖ਼ਾਸ ਖੇਤਰਾਂ ਵਿੱਚ ਅੱਗੇ ਲਿਜਾਣ ਲਈ ਆਸਵੰਦ ਜ਼ਿਲ੍ਹਾ ਤੇ ਬਲਾਕ ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਨੇ। ਪੰਜਾਬ ਦੇ ਫਿਰੋਜ਼ਪੁਰ ਅਤੇ ਮੋਗਾ ਜ਼ਿਲਿਆਂ ਤੋਂ ਅਲਾਵਾ ਗੁਰਦਾਸਪੁਰ, ਅੰਮ੍ਰਿਤਸਰ, ਜਲੰਧਰ, ਕਪੂਰਥਲਾ ਅਤੇ ਸੰਗਰੂਰ ਜ਼ਿਲਿਆਂ ਦੇ ਕੁਝ ਬਲਾਕ ਇਸ ਪ੍ਰੋਗਰਾਮ ਵਿਚ ਸ਼ਾਮਲ ਨੇ । ਹੁਣ ਆਸਵੰਦ ਜ਼ਿਲ੍ਹਾ ਤੇ ਬਲਾਕ ਪ੍ਰੋਗਰਾਮ ਤਹਿਤ ਮਹੱਤਵਪੂਰਨ 6 ਪਹਿਲੂਆਂ ਦਾ ਸੰਪੂਰਨਤਾ ਅਭਿਆਨ 4 ਜੁਲਾਈ ਤੋਂ ਚਲਾਇਆ ਜਾ ਰਿਹਾ ਏ।

*ਹੋਰ ਵੇਰਵੇ ਨਾਲ ਇਹ ਰਿਪੋਰਟ : ਡਿਸਪੈਚ: ਐਸਪੀਰੇਸ਼ਨਲ ਜ਼ਿਲ੍ਹਾ ਤੇ ਬਲਾਕ ਪ੍ਰੋਗਰਾਮ ਤਹਿਤ ਮਹੱਤਵਪੂਰਨ 6 ਪਹਿਲੂਆਂ ਦਾ ਸੰਪੂਰਨਤਾ ਅਭਿਆਨ 4 ਜੁਲਾਈ ਤੋਂ 30 ਸਤੰਬਰ ਤੱਕ ਚਲਾਇਆ ਜਾ ਰਿਹਾ ਏ । ਇਸ ਮੁਹਿੰਮ ਤਹਿਤ ਜਿਹੜੇ 6 ਪਹਿਲੂਆਂ ਦੇ ਟੀਚਿਆਂ ਨੂੰ ਸੌ ਫ਼ੀਸਦੀ ਪੂਰਾ ਕਰਨ ਲਈ ਜ਼ੋਰ ਦਿੱਤਾ ਜਾਵੇਗਾ ਉਨ੍ਹਾਂ ਵਿੱਚ ਸਿਹਤ, ਪੋਸ਼ਣ, ਖੇਤੀਬਾੜੀ, ਸਿੱਖਿਆ, ਸਮਾਜਿਕ ਤਰੱਕੀ ਆਦਿ ਨਾਲ ਸਬੰਧਿਤ ਵੱਖ-ਵੱਖ ਮਹੱਤਵਪੂਰਨ ਕਾਰਜ ਸ਼ਾਮਲ ਨੇ । ਜ਼ਿਲ੍ਹਾ ਗੁਰਦਾਸਪੁਰ ਵਿਚ ਬਲਾਕ ਪੱਧਰ ਤੇ ਇਸ ਦਾ ਉਦਘਾਟਨ 4 ਜੁਲਾਈ ਨੂੰ ਕੁੜੀਆਂ ਦੇ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ ਡੇਰਾ ਬਾਬਾ ਨਾਨਕ ਅਤੇ 5 ਜੁਲਾਈ ਨੂੰ ਕਲਾਨੌਰ ਦੇ ਸਰਕਾਰੀ ਸੀਨੀਅਰ ਸਕੈਂਡਰੀ ਸਕੂਲ ਵਿਖੇ ਹੋਵੇਗਾ । ਵਿਦਿਆਰਥੀਆਂ ਵੱਲੋਂ ਸੰਪੂਰਨਤਾ ਯਾਤਰਾ ਕੱਢੀ ਜਾਵੇਗੀ ਅਤੇ ਰੰਗੋਲੀ ਤੇ ਪੋਸਟਰ ਮੇਕਿੰਗ ਮੁਕਾਬਲੇ ਵੀ ਕਰਵਾਏ ਜਾਣਗੇ । ਇਸ ਦੇ ਨਾਲ ਹੀ ਸਿਹਤ ਵਿਭਾਗ ਮੁਫ਼ਤ ਹੈਲਥ ਕੈਂਪ ਲਗਾਏਗਾ ਅਤੇ ਬਿਮਾਰੀਆਂ ਤੋਂ ਬਚਣ ਲਈ ਜਾਗਰੂਕਤਾ ਪੈਂਫਲਿਟ ਵੰਡੇ ਜਾਣਗੇ ।*

***ਹੈਲਥੀ ਫੂਡ ਰੈਸਪੀ ਦੀ ਪ੍ਰਦਰਸ਼ਨੀ ਲਗਾ ਕੇ ਡਾਈਟ ਕਾਊਂਸਲਿੰਗ ਕੀਤੀ ਜਾਵੇਗੀ। ਖੇਤੀਬਾੜੀ ਵਿਭਾਗ ਵੱਲੋਂ ਮਿੱਟੀ ਪਰਖ ਦੇ ਸੈਂਪਲ ਲਏ ਜਾਣਗੇ ਅਤੇ ਕਿਸਾਨਾਂ ਨੂੰ ਮਿੱਟੀ ਦੀ ਸਿਹਤ ਸੁਧਾਰ ਬਾਰੇ ਦੱਸਿਆ ਜਾਵੇਗਾ। ਸਵੈ ਸਹਾਇਤਾ ਸਮੂਹਾਂ ਵੱਲੋਂ ਤਿਆਰ ਕੀਤੇ ਸਮਾਨ ਦੀਆਂ ਪ੍ਰਦਰਸ਼ਨੀ ਲਗਾਈ ਜਾਵੇਗੀ ਅਤੇ ਆਮਦਨ ਵਧਾਉਣ ਦੇ ਨੁਕਤਿਆਂ ਬਾਰੇ ਉਨ੍ਹਾਂ ਨੂੰ ਦੱਸਿਆ ਜਾਵੇਗਾ। ਇਸੇ ਤਰਾਂ ਨਾਲ ਹੋਰਨਾਂ ਬਲਾਕਾਂ ਵਿਚ ਵੀ ਸਮਾਗਮ ਕੀਤੇ ਜਾਣਗੇ। ਸੰਪੂਰਨਤਾ ਮੁਹਿੰਮ ਦਾ ਇਕੋ ਇਕ ਮਕਸਦ ਉਸ ਇਲਾਕੇ ਵਿਚ ਭਲਾਈ ਸਕੀਮਾਂ ਨੂੰ ਸੰਬੰਧਤ ਵਰਗ ਤਕ ਪਹੁੰਚਾਉਣਾ ਏ। ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ***

---

ਪੰਜਾਬ ਵਿੱਚ ਇਨ-ਸੀਟੂ ਫਸਲ ਰਹਿੰਦ-ਖੂੰਹਦ ਪ੍ਰਬੰਧਨ CRM ਮਸ਼ੀਨਾਂ ਦੀ ਵਰਤੋਂ ਕਰਨ ਵਾਲੇ ਕੋਈ ਅੱਧੇ ਕਿਸਾਨ ਮਸ਼ੀਨਾਂ ਦੇ ਕੁਸ਼ਲ ਸੰਚਾਲਨ ਅਤੇ ਕੀਟ ਨਿਯੰਤਰਣ ਲਈ, ਝੋਨੇ ਦੇ ਕੁਝ ਖੁੱਲੇ ਡੰਠਲਾਂ ਨੂੰ ਸਾੜਦੇ ਨੇ। ਇਹ ਜਾਣਕਾਰੀ ਕਾਉਂਸਿਲ ਆਨ ਐਨਰਜੀ, ਇਨਵਾਇਰਮੈਂਟ ਐਂਡ

ਵਾਟਰ, ਦੀ ਇੱਕ ਨਵੀਂ ਰਿਪੋਰਟ ਤੋਂ ਸਾਹਮਣੇ ਆਈ ਏ। ਇਸ ਅਨੁਸਾਰ ਸਰਵੇਖਣ ’ਚ ਸ਼ਾਮਲ 58 ਫੀਸਦੀ ਕਿਸਾਨਾਂ ਨੇ ਪਰਾਲੀ ਪ੍ਰਬੰਧਨ ਲਈ ਸੁਪਰ ਸੀਡਰ ਅਤੇ ਰੋਟਾ-ਵੇਟਰ ਵਰਗੀਆਂ ਮਸ਼ੀਨਾਂ ਦੀ ਵਰਤੋਂ ਕੀਤੀ। ਕਿਸਾਨਾਂ ਦੀ CRM ਮਸ਼ੀਨਾਂ ਤੱਕ ਸਮੇਂ ਸਿਰ ਪਹੁੰਚ, ਮਸ਼ੀਨਾਂ ਦੀ ਵਰਤੋਂ ਲਈ ਸਹੀ ਸਿਖਲਾਈ ਦੀ ਘਾਟ ਅਤੇ ਮਸ਼ੀਨਾਂ ਦੀ ਵਰਤੋਂ ਨਾਲ ਕਣਕ ਦੇ ਉਤਪਾਦਨ ਵਿੱਚ ਕਮੀ ਅਤੇ ਕੀਟਾਂ ਦੇ ਹਮਲੇ ਹੋਣ ਦੀ ਗਲਤ ਧਾਰਨਾ ਜਿਹੇ ਕਾਰਨਾਂ ਨਾਲ ਅਜੇ ਵੀ ਪਰਾਲੀ ਸਾੜਨ ਨੂੰ ਰੋਕਣ ਵਿੱਚ ਚੁਣੌਤੀਆਂ ਮੌਜੂਦ ਨੇ।

---------------------------------------------------------------

ਸਟੇਟ ਬੈਂਕ ਦਿਵਸ ਦੇ ਮੌਕੇ 'ਤੇ, ਭਾਰਤੀ ਸਟੇਟ ਬੈਂਕ ਵਲੋਂ ਬਠਿੰਡਾ ਦੇ ਮੁੱਖ ਦਫ਼ਤਰ ਵਿਖੇ ਡੀ.ਜੀ.ਐਮ ਅਭਿਸ਼ੇਕ ਸ਼ਰਮਾ ਦੀ ਅਗਵਾਈ ਹੇਠ, ਅੱਜ ਇਕ ਵਿਸ਼ਾਲ ਖ਼ੂਨਦਾਨ ਕੈਂਪ ਲਗਾਇਆ ਗਿਆ। ਬਠਿੰਡਾ ਦੀਆਂ ਸਾਰੀਆਂ ਬਰਾਂਚਾਂ ਦੇ ਬੈਂਕ ਮੁਲਾਜ਼ਮਾਂ ਨੇ, ਇਸ ਵਿਚ ਸ਼ਮੂਲੀਅਤ ਕੀਤੀ ਅਤੇ 100 ਤੋਂ ਵੱਧ ਬੈਂਕ ਮੁਲਾਜ਼ਮਾਂ ਨੇ ਖ਼ੂਨਦਾਨ ਕੀਤਾ। ਅਭਿਸ਼ੇਕ ਸ਼ਰਮਾ ਨੇ ਕਿਹਾ ਕਿ ਖ਼ੂਨਦਾਨ ਤੋਂ ਵੱਡਾ ਕੋਈ ਦਾਨ ਨਹੀਂ ਏ

ਕਿਉਂਕਿ ਖ਼ੂਨਦਾਨ ਨਾਲ ਲੋਕਾਂ ਨੂੰ ਨਵੀਂ ਜ਼ਿੰਦਗੀ ਮਿਲਦੀ ਏ। ਉਨ੍ਹਾਂ ਕਿਹਾ ਕਿ ਇਹ ਬੜੀ ਖੁਸ਼ੀ ਦੀ ਗੱਲ ਏ ਕਿ ਲੋਕ ਖ਼ੂਨਦਾਨ ਪ੍ਰਤੀ ਜਾਗਰੂਕ ਹੋ ਰਹੇ ਨੇ।

-----------------------------------------------

ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ ਦੇ ਜ਼ਿਲ੍ਹਾ ਪੱਧਰੀ ਪਸਾਰ ਅਦਾਰੇ ਕ੍ਰਿਸ਼ੀ ਵਿਗਿਆਨ ਕੇਂਦਰ, ਬਾਹੋਵਾਲ, ਹੁਸ਼ਿਆਰਪੁਰ ਅਤੇ ਫਾਰਮ ਸਲਾਹਕਾਰ ਸੇਵਾ ਕੇਂਦਰ, ਗੰਗੀਆਂ ਵੱਲੋਂ ਦਸੂਹਾ ਬਲਾਕ ਦੇ ਪਿੰਡ ਡਡਿਆਲ ਵਿਖੇ ਫ਼ਸਲ ਪ੍ਰਦਰਸ਼ਨੀਆਂ ਤਹਿਤ ਤਿਲਾਂ ਦੀ ਕਾਸ਼ਤ ਬਾਬਤ ਕਿਸਾਨ ਗੋਸ਼ਠੀ ਦਾ ਆਯੋਜਨ ਕੀਤਾ ਗਿਆ। ਸਹਾਇਕ ਨਿਰਦੇਸ਼ਕ ਸਿਖਲਾਈ ਡਾ. ਮਨਿੰਦਰ ਸਿੰਘ ਬੌਂਸ ਨੇ ਤਿਲਾਂ ਦੀਆਂ ਫ਼ਸਲ ਪ੍ਰਦਰਸ਼ਨੀਆਂ ਦੇ ਮਨੋਰਥ ਬਾਰੇ ਚਾਨਣਾ ਪਾਇਆ। ਉਨ੍ਹਾਂ ਤਿਲਾਂ ਦੀ ਫ਼ਸਲ ਪ੍ਰਦਰਸ਼ਨੀ ਤਹਿਤ ਉੱਨਤ ਕਿਸਮ- ਪੰਜਾਬ ਤਿਲ ਨੰਬਰ 2 ਦੀ ਸਫਲ ਕਾਸ਼ਤ ਦੇ ਢੰਗ, ਖਾਦਾਂ ਦੀ ਵਰਤੋਂ, ਕੀੜੇ ਅਤੇ ਬਿਮਾਰੀਆਂ ਬਾਰੇ ਦੱਸਿਆ ਅਤੇ ਕਿਹਾ ਕਿ ਫ਼ਸਲ ਦੀ ਬਿਜਾਈ ਜੁਲਾਈ ਦੇ ਪਹਿਲੇ ਪੰਦਰਵਾੜੇ ਵਿਚ ਕਰਨੀ ਚਾਹੀਦੀ ਏ।

-----------------------------------------------

ਲੁਧਿਆਣਾ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ, ਅਧਿਕਾਰੀਆਂ ਨੂੰ ਹਲਵਾਰਾ ਵਿਖੇ ਕੌਮਾਂਤਰੀ ਹਵਾਈ ਅੱਡੇ ਦੇ ਰਹਿੰਦੇ ਸਾਰੇ ਬਕਾਇਆ ਕਾਰਜ਼ਾਂ ਨੂੰ 31 ਜੁਲਾਈ ਤੱਕ ਪੂਰਾ ਕਰਨ ਦੇ ਨਿਰਦੇਸ਼ ਦਿੱਤੇ ਨੇ। ਲੋਕ ਨਿਰਮਾਣ ਵਿਭਾਗ, ਪਬਲਿਕ ਹੈਲਥ, ਏ.ਏ.ਆਈ., ਐਨ.ਐਚ.ਏ.ਆਈ., ਡਰੇਨੇਜ ਦੇ ਅਧਿਕਾਰੀਆਂ ਅਤੇ ਠੇਕੇਦਾਰੀ ਕੰਪਨੀ ਦੇ ਨੁਮਾਇੰਦਿਆਂ ਨਾਲ ਅੱਜ ਇਕ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ, ਉਨਾਂ ਕਿਹਾ ਕਿ ਭਾਰਤੀ ਹਵਾਈ ਸੈਨਾ ਕੈਂਪਸ ਵਿੱਚ ਐਪਰਨ ਅਤੇ ਟੈਕਸੀ-ਵੇਅ ਬਣਾਉਣ ਦੀ ਰਫਤਾਰ ਨੂੰ ਤੇਜ਼ ਕਰਨ ਦੀ ਜਰੂਰਤ ਏ। ਉਨ੍ਹਾਂ ਕਿਹਾ ਕਿ ਅੰਦਰੂਨੀ ਸੜਕਾਂ ਦੇ ਨਿਰਮਾਣ, ਜਨਤਕ ਸਿਹਤ ਸੇਵਾਵਾਂ, ਕੈਂਪਸ ਲਾਈਟਿੰਗ, ਟਰਮੀਨਲ ਬਿਲਡਿੰਗ, ਸਬ ਸਟੇਸ਼ਨ, ਟਾਇਲਟ ਬਲਾਕ ਅਤੇ ਪਾਰਕਿੰਗ ਸਮੇਤ ਕਈ ਕੰਮ ਮੁਕੰਮਲ ਹੋ ਗਏ ਨੇ। ਉਨਾਂ ਬੀਤੇ ਦਿਨ ਆਈ.ਏ.ਐਫ. ਨਾਲ ਸਾਈਟ 'ਤੇ ਸਾਂਝੀ ਮੀਟਿੰਗ ਕੀਤੀ ਸੀ ਅਤੇ ਸੁਰੱਖਿਆ ਚਿੰਤਾਵਾਂ ਨੂੰ

ਸੰਤੁਲਿਤ ਕਰਦੇ ਹੋਏ, ਸਾਰੀਆਂ ਏਜੰਸੀਆਂ ਵਿਚਕਾਰ ਤਾਲਮੇਲ ਦੇ ਉਪਰਾਲੇ ਤੇਜ਼ ਕੀਤੇ ਨੇ।

-------------------------------------------------------

ਕੇਂਦਰ ਸਰਕਾਰ ਵਲੋਂ ਤਿਆਰ ਤਿੰਨ ਨਵੇਂ ਅਪਰਾਧਿਕ ਕਾਨੂੰਨ - ਭਾਰਤੀ ਨਿਆ ਸੰਹਿਤਾ, ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ ਅਤੇ ਭਾਰਤੀ ਸਾਕਸ਼ਯ ਅਧਿਨਿਯਮ- 2023, ਕੱਲ ਤੋਂ ਲਾਗੂ ਹੋ ਗਏ ਨੇ। ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਤੋਂ ਕਾਨੂੰਨ ਵਿਭਾਗ ਦੇ ਐਸੋਸੀਏਟ ਪ੍ਰੋਫ਼ੇਸਰ ਡਾਕਟਰ ਅਨੁਪਮ ਬਾਹਰੀ ਮੰਨਦੇ ਨੇ, ਕਿ ਇਨਾਂ ਕਾਨੂੰਨਾਂ ਨਾਲ ਗਤੀਸ਼ੀਲ ਸਮਾਜ ਦੀਆਂ ਜ਼ਰੂਰਤਾਂ ਪੂਰੀਆਂ ਹੋਣਗੀਆਂ।

-------------------------------------------------------

ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਖੇਮਕਰਨ ਦੇ ਲਖਵਿੰਦਰ ਸਿੰਘ ਉਰਫ਼ ਲੱਖਾ ਨੂੰ, 5 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਨੈੱਟਵਰਕ ਦਾ ਪਰਦਾਫਾਸ਼ ਕੀਤਾ ਏ। ਪੰਜਾਬ ਦੇ ਡਾਇਰੈਕਟਰ ਜਨਰਲ ਪੁਲਿਸ ਗੌਰਵ ਯਾਦਵ ਨੇ ਦੱਸਿਆ ਕਿ ਹੈਰੋਇਨ ਦੀ ਖੇਪ ਬਰਾਮਦ ਕਰਨ ਤੋਂ ਇਲਾਵਾ, ਪੁਲਿਸ

ਟੀਮਾਂ ਨੇ ਦੋਸ਼ੀ ਦਾ ਮੋਟਰਸਾਈਕਲ ਵੀ ਜ਼ਬਤ ਕੀਤਾ ਏ। ਉਨਾਂ ਕਿਹਾ ਕਿ ਲਖਵਿੰਦਰ ਲੱਖਾ ਪਾਕਿਸਤਾਨ ਅਧਾਰਤ ਨਸ਼ਾ ਤਸਕਰ ਅਲੀ ਦੇ ਸਿੱਧੇ ਸੰਪਰਕ ਵਿੱਚ ਸੀ ਅਤੇ ਪਾਕਿਸਤਾਨ ਤੋਂ ਨਸ਼ੀਲੇ ਪਦਾਰਥਾਂ ਦੀ ਖੇਪ ਮੰਗਵਾਉਣ ਲਈ ਡਰੋਨਾਂ ਦੀ ਵਰਤੋਂ ਕੀਤੀ ਜਾ ਰਹੀ ਸੀ।

---------------------------------------------------------

N.M.M.S. ਪ੍ਰੀਖਿਆ ਦੇ ਅੱਜ ਐਲਾਨੇ ਨਤੀਜੇ ਵਿਚ ਕੰਨਿਆ ਸਕੂਲ ਬਰਨਾਲਾ ਦੀ ਵਿਦਿਆਰਥਣ ਹੁਸਨਪ੍ਰੀਤ ਕੌਰ ਨੇ ਪੂਰੇ ਪੰਜਾਬ 'ਚੋਂ ਪਹਿਲਾ ਸਥਾਨ ਮੱਲਿਆ ਏ। ਸਕੂਲ ਪ੍ਰਿੰਸੀਪਲ ਵਿਨਸੀ ਜਿੰਦਲ ਨੇ ਦੱਸਿਆ ਕਿ ਸਕੂਲ ਦੀਆਂ 17 ਕੁੜੀਆਂ ਨੇ ਇਸ ਮੈਰਿਟ ਲਿਸਟ ਵਿੱਚ ਆਪਣਾ ਨਾਂ ਦਰਜ ਕਰਵਾਇਆ ਏ। ਉਨ੍ਹਾਂ ਦੱਸਿਆ ਕਿ ਪੰਜਾਬ ਵਿੱਚੋਂ ਤੀਜੇ ਤੇ ਚੌਥੇ ਸਥਾਨ 'ਤੇ ਵੀ ਕੰਨਿਆ ਸਕੂਲ ਦੀਆਂ ਵਿਦਿਆਰਥਣਾਂ ਨੇ ਕਬਜ਼ਾ ਕੀਤਾ ਏ। ਜ਼ਿਲ੍ਹਾ ਬਰਨਾਲਾ ਦੀਆਂ ਪਹਿਲੀਆਂ 12 ਪੁਜੀਸ਼ਨਾਂ ਵੀ ਕੰਨਿਆ ਸਕੂਲ ਬਰਨਾਲਾ ਦੀਆਂ ਵਿਦਿਆਰਥਣਾਂ ਨੇ ਹੀ ਹਾਸਲ ਕੀਤੀਆਂ ਨੇ। ਪ੍ਰਿੰਸੀਪਲ ਵਿਨਸੀ ਜਿੰਦਲ ਨੇ ਇਸ ਸਫਲਤਾ ਲਈ

ਬੱਚਿਆਂ ਅਤੇ ਅਧਿਆਪਕਾਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਸਕੂਲ ਵਿੱਚ ਇਸ ਪ੍ਰੀਖਿਆ ਦੀ ਤਿਆਰੀ ਲਈ ਵਿਸ਼ੇਸ਼ ਕੋਚਿੰਗ ਦਿੱਤੀ ਜਾਂਦੀ ਏ।

---------------------------------------------------

ਪੰਜਾਬ ਦੇ ਵੱਖ ਵੱਖ ਹਿੱਸਿਆਂ ਵਿਚ ਮਾਨਸੂਨ ਲਗਾਤਾਰ ਅੱਗੇ ਵਧ ਰਿਹਾ ਏ ਅਤੇ ਆਉਂਦੇ 3 ਦਿਨਾਂ ਵਿੱਚ ਸਮੁਚੇ ਸੂਬੇ ਤਕ ਪਹੁੰਚ ਜਾਵੇਗਾ । ਮੌਸਮ ਵਿਭਾਗ ਨੇ 7 ਜ਼ਿਲ੍ਹਿਆਂ ਪਠਾਨਕੋਟ, ਹੁਸ਼ਿਆਰਪੁਰ, ਨਵਾਂਸ਼ਹਿਰ, ਫਤਹਿਗੜ੍ਹਸਾਹਿਬ, ਰੂਪਨਗ ਰ, ਪਟਿਆਲਾ ਅਤੇ ਐਸ.ਏ.ਐਸ.ਨਗਰ ਵਿੱਚ ਭਾਰੀ ਮੀਂਹ ਸੰਬੰਧੀ ਆਰੇਂਜ ਅਲਰਟ ਜਦਕਿ ਗੁਰਦਾਸਪੁਰ, ਅੰਮ੍ਰਿਤਸਰ, ਕਪੂਰਥਲਾ, ਜਲੰਧਰ, ਲੁਧਿਆਣਾ, ਸੰਗਰੂਰ, ਮਲੇਰਕੋਟਲਾ ਲਈ ਯੈਲੋ ਅਲਰਟ ਜਾਰੀ ਕੀਤਾ ਗਿਆ ਏ । ਇਸ ਦੌਰਾਨ ਭਾਵੇਂ ਤਾਪਮਾਨ ਵਿਚ ਕਾਫੀ ਕਮੀ ਆਈ ਏ ਪਰ ਹੁੰਮਸ ਨੇ ਲੋਕਾਂ ਨੂੰ ਪਰੇਸ਼ਾਨ ਕਰਨਾ ਸ਼ੁਰੂ ਕਰ ਦਿੱਤਾ ਏ ।

---------------------------------------------------

**ਆਖਿਰ ਵਿਚ ਖ਼ਾਸ ਖ਼ਬਰਾਂ ਇਕ ਵਾਰ ਫੇਰ ਤੋਂ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਰਾਸ਼ਟਰੀ ਜਮਹੂਰੀ ਗਠਜੋੜ ਦੇ ਸੰਸਦ ਮੈਂਬਰਾਂ ਨੂੰ ਸੰਸਦ ਦੇ ਨਿਯਮਾਂ ਦੀ ਪਾਲਣਾ ਕਰਨ, ਸੰਸਦੀ ਲੋਕਤੰਤਰ ਦੇ ਸਿਧਾਂਤਾਂ ਦੀ ਪਾਲਣਾ ਕਰਨ ਅਤੇ ਚੰਗਾ ਵਿਵਹਾਰ ਕਰਨ ਦੀ ਅਪੀਲ ਕੀਤੀ ਏ।

- ਨੀਤੀ ਆਯੋਗ ਦੇ ਆਸਵੰਦ ਜ਼ਿਲ੍ਹਾ ਅਤੇ ਬਲਾਕ ਪ੍ਰੋਗਰਾਮ ਤਹਿਤ ਮਹੱਤਵਪੂਰਨ 6 ਪਹਿਲੂਆਂ ਦਾ ਸੰਪੂਰਨਤਾ ਅਭਿਆਨ 4 ਜੁਲਾਈ ਤੋਂ ਚਲਾਇਆ ਜਾਵੇਗਾ।

- ਲੁਧਿਆਣਾ ਦੇ ਡਿਪਟੀ ਕਮਿਸ਼ਨਰ ਸਾਕਸ਼ੀ ਸਾਹਨੀ ਨੇ, ਅਧਿਕਾਰੀਆਂ ਨੂੰ ਹਲਵਾਰਾ ਵਿਖੇ ਕੌਮਾਂਤਰੀ ਹਵਾਈ ਅੱਡੇ ਦੇ ਰਹਿੰਦੇ ਸਾਰੇ ਬਕਾਇਆ ਕਾਰਜ਼ਾਂ ਨੂੰ, 31 ਜੁਲਾਈ ਤੱਕ ਪੂਰਾ ਕਰਨ ਦੇ ਨਿਰਦੇਸ਼ ਦਿੱਤੇ।

- ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਖੇਮਕਰਨ ਦੇ ਲਖਵਿੰਦਰ ਸਿੰਘ ਉਰਫ਼ ਲੱਖਾ ਨੂੰ, 5 ਕਿਲੋ ਹੈਰੋਇਨ ਸਮੇਤ ਗ੍ਰਿਫ਼ਤਾਰ ਕਰਕੇ, ਸਰਹੱਦ ਪਾਰੋਂ ਨਸ਼ੀਲੇ ਪਦਾਰਥਾਂ ਦੀ ਤਸਕਰੀ ਦੇ ਨੈੱਟਵਰਕ ਦਾ ਪਰਦਾਫਾਸ਼ ਕੀਤਾ।